# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ :25-10-2025**

**<u>ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ</u>**

- -ਪ੍ਰਧਾਨ ਮੰਤਰੀ ਨਰੇਂਦਰ ਮੋਦੀ ਭਲਕੇ ਆਕਾਸ਼ਵਾਣੀ 'ਤੇ "ਮਨ ਕੀ ਬਾਤ" ਪ੍ਰੋਗਰਾਮ 'ਚ ਦੇਸ਼ ਵਿਦੇਸ਼ ਦੇ ਲੋਕਾਂ ਨਾਲ ਆਪਣੇ ਵਿਚਾਰ ਸਾਂਝੇ ਕਰਨਗੇ।
- -ਪੰਜਾਬ ਸਰਕਾਰ ਵਲੋਂ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350ਵੇਂ ਸ਼ਹੀਦੀ ਦਿਵਸ ਮਨਾਉਣ ਲਈ ਸਮਾਗਮਾਂ ਦੀ ਲੜੀ ਦੀ ਅੱਜ ਸ਼ੁਰੂਆਤ I
- -ਚਾਰ ਦਿਨਾਂ ਛੱਠ ਪੂਜਾ ਤਿਉਹਾਰ ਅੱਜ ਤੋਂ ਦੇਸ਼ ਦੇ ਵੱਖ-ਵੱਖ ਹਿੱਸਿਆਂ ਵਿੱਚ ਸ਼ੁਰੂ ਹੋਇਆ - ਰੇਲਵੇ ਮੰਤਰਾਲਾ ਦੀਵਾਲੀ ਅਤੇ ਛੱਠ ਤਿਉਹਾਰਾਂ ਤੋਂ ਵਾਪਸ ਆਉਣ ਵਾਲੇ ਮੁਸਾਫ਼ਰਾਂ ਦੀ ਸਹੂਲਤ ਲਈ, 6 ਹਜ਼ਾਰ ਤੋਂ ਵੱਧ ਵਿਸ਼ੇਸ਼ ਰੇਲਗੱਡੀਆਂ ਚਲਾ ਰਿਹਾ ਏ।
- -ਅੰਮ੍ਰਿਤਸਰ ਦੇ ਸੂਬਾ ਵਿਸ਼ੇਸ਼ ਆਪ੍ਰੇਸ਼ਨ ਸੈੱਲ ਵਲੋਂ ਦਹਿਸ਼ਤਗਰਦੀ ਨੈੱਟਵਰਕ ਦਾ ਸੰਚਾਲਕ ਮਨਪ੍ਰੀਤ ਸਿੰਘ ਆਧੁਨਿਕ ਪਿਸਤੌਲ ਤੇ ਗੋਲਾ ਬਾਰੂਦ ਸਮੇਤ ਗ੍ਰਿਫ਼ਤਾਰ। ਅਤੇ

- ਭਾਰਤ ਨੇ ਸਿਡਨੀ ਵਿੱਚ ਤੀਜੇ ਅਤੇ ਆਖਰੀ ਇੱਕ ਰੋਜ਼ਾ ਮੈਚ ਵਿੱਚ, ਆਸਟ੍ਰੇਲੀਆ ਨੂੰ 9 ਵਿਕਟਾਂ ਨਾਲ ਹਰਾਇਆ।

---------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਭਲਕੇ ਆਕਾਸ਼ਵਾਣੀ 'ਤੇ "ਮਨ ਕੀ ਬਾਤ" ਪ੍ਰੋਗਰਾਮ 'ਚ ਦੇਸ਼ ਵਿਦੇਸ਼ ਦੇ ਲੋਕਾਂ ਨਾਲ ਆਪਣੇ ਵਿਚਾਰ ਸਾਂਝੇ ਕਰਨਗੇ। ਇਹ ਹਰ ਮਹੀਨੇ ਪ੍ਰਸਾਰਿਤ ਹੋਣ ਵਾਲੇ ਰੇਡੀਓ ਪ੍ਰੋਗ੍ਰਾਮ ਦਾ 127 ਵਾਂ ਐਪੀਸੋਡ ਹੋਵੇਗਾ। 'ਮਨ ਕੀ ਬਾਤ' ਪ੍ਰੋਗਰਾਮ ਆਕਾਸ਼ਵਾਣੀ ਅਤੇ ਦੂਰਦਰਸ਼ਨ ਦੇ ਸਮੁੱਚੇ ਨੈੱਟਵਰਕ, ਆਕਾਸ਼ਵਾਣੀ ਖਬਰਾਂ ਦੀ WEBSITE ਅਤੇ NEWSONAIR ਮੋਬਾਈਲ ਐਪ 'ਤੇ ਪ੍ਰਸਾਰਿਤ ਕੀਤਾ ਜਾਵੇਗਾ। ਇਸ ਨੂੰ AIR ਨਿਊਜ਼, DD ਨਿਊਜ਼, ਪ੍ਰਧਾਨ ਮੰਤਰੀ ਦੇ ਦਫਤਰ ਅਤੇ ਸੂਚਨਾ ਤੇ ਪ੍ਰਸਾਰਣ ਮੰਤਰਾਲੇ ਦੇ YOUTUBE ਚੈਨਲਾਂ 'ਤੇ ਵੀ ਲਾਈਵ ਸਟ੍ਰੀਮ ਕੀਤਾ ਜਾਵੇਗਾ। ਆਕਾਸ਼ਵਾਣੀ ,ਹਿੰਦੀ ਪ੍ਰਸਾਰਣ ਤੋਂ ਤੁਰੰਤ ਬਾਅਦ ਪ੍ਰੋਗਰਾਮ ਨੂੰ ਖੇਤਰੀ ਭਾਸ਼ਾਵਾਂ ਵਿੱਚ ਵੀ ਪ੍ਰਸਾਰਿਤ ਕਰੇਗਾ।

---------------------------------------------------

ਪੰਜਾਬ ਸਰਕਾਰ ਨੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350ਵੇਂ ਸ਼ਹੀਦੀ ਦਿਵਸ ਮਨਾਉਣ ਲਈ ਸਮਾਗਮਾਂ ਦੀ ਲੜੀ ਦੀ ਅੱਜ ਸ਼ੁਰੂਆਤ

ਕੀਤੀ, ਜਿਸ ਤੋਂ ਬਾਅਦ ਸੀਨੀਅਰ ਕੈਬਨਿਟ ਮੰਤਰੀਆਂ ਨੇ ਦਿਲੀ ਸਥਿਤ ਗੁਰਦੁਆਰਾ ਸੀਸ ਗੰਜ ਸਾਹਿਬ ਵਿਖੇ ਅਰਦਾਸ ਕੀਤੀ । ਇਸ ਮੌਕੇ ਸੂਬੇ ਦੇ ਵੱਖ ਵੱਖ ਕੈਬਨਿਟ ਮੰਤਰੀ, ਲੋਕ ਸਭਾ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ, ਰਾਜ ਸਭਾ ਮੈਂਬਰ ਵਿਕਰਮਜੀਤ ਸਿੰਘ ਸਾਹਨੀ ਤੇ ਹੋਰ ਸ਼ਾਮਲ ਹੋਏ। ਕੈਬਨਿਟ ਮੰਤਰੀਆਂ ਨੇ ਲੋਕਾਂ ਨੂੰ ਗੁਰੂ ਜੀ ਦੇ ਪਿਆਰ, ਧਰਮ ਨਿਰਪੱਖਤਾ, ਧਾਰਮਿਕ ਸਹਿਣਸ਼ੀਲਤਾ, ਧਾਰਮਿਕ ਆਜ਼ਾਦੀ ਅਤੇ ਸ਼ਾਂਤੀਪੂਰਨ ਸਹਿ-ਹੋਂਦ ਦੇ ਵਿਸ਼ਵ-ਵਿਆਪੀ ਸੰਦੇਸ਼ ਦੀ ਪਾਲਣਾ ਕਰਨ ਲਈ ਪ੍ਰੇਰਿਤ ਕੀਤਾ । ਉਨ੍ਹਾਂ ਨੇ ਲੋਕਾਂ ਨੂੰ ਗੁਰੂ ਸਾਹਿਬ ਦੁਆਰਾ ਪ੍ਰਚਾਰੇ ਗਏ ਧਰਮ ਦੇ ਮਾਰਗ 'ਤੇ ਚੱਲਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਅੱਜ ਤੋਂ ਸ਼ੁਰੂ ਹੋਣ ਵਾਲੇ ਸਮਾਗਮਾਂ ਦੀ ਲੜੀ 25 ਨਵੰਬਰ ਨੂੰ ਸ੍ਰੀ ਆਨੰਦਪੁਰ ਸਾਹਿਬ ਵਿਖੇ ਸਮਾਪਤ ਹੋਵੇਗੀ। ਉਨ੍ਹਾਂ ਕਿਹਾ ਕਿ 1 ਤੋਂ 18 ਨਵੰਬਰ ਤੱਕ ਪੰਜਾਬ ਦੇ ਸਾਰੇ ਜ਼ਿਲ੍ਹਿਆਂ ਵਿੱਚ ਲਾਈਟ ਐਂਡ ਸਾਊਂਡ ਸ਼ੋਅ ਕਰਵਾਏ ਜਾਣਗੇ, ਜੋ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਮਹਾਨ ਜੀਵਨ ਅਤੇ ਸਿੱਖਿਆਵਾਂ ਨੂੰ ਦਰਸਾਉਂਦੇ ਹਨ। ਗੁਰੂ ਸਾਹਿਬ ਜੀ ਦੇ ਵਰੋਸਾਏ ਕਸਬਿਆਂ ਅਤੇ ਸ਼ਹਿਰਾਂ ਵਿੱਚ ਕੀਰਤਨ ਦਰਬਾਰ ਵੀ ਕਰਵਾਏ ਜਾਣਗੇ। ਉਨ੍ਹਾਂ ਕਿਹਾ ਕਿ ਇਨ੍ਹਾਂ ਸਮਾਗਮਾਂ ਦਾ ਮੁੱਖ ਉਦੇਸ਼ ਲੋਕਾਂ ਨੂੰ ਗੁਰੂ ਜੀ ਦੇ ਫ਼ਲਸਫ਼ੇ, ਉਨ੍ਹਾਂ ਦੇ ਕੁਰਬਾਨੀਆਂ ਭਰੇ ਜੀਵਨ ਅਤੇ ਸ਼ਾਂਤੀ ਤੇ ਮਨੁੱਖਤਾ ਦੇ ਸਦੀਵੀ ਸੰਦੇਸ਼ ਬਾਰੇ ਜਾਗਰੂਕ

ਕਰਨਾ ਏ , ਜੋ ਦੁਨੀਆ ਭਰ ਦੇ ਲੱਖਾਂ ਲੋਕਾਂ ਨੂੰ ਪ੍ਰੇਰਿਤ ਕਰਦਾ ਏ । ਉਨ੍ਹਾਂ ਕਿਹਾ ਕਿ 18 ਨਵੰਬਰ ਨੂੰ ਸ੍ਰੀਨਗਰ ਵਿਖੇ ਕੀਰਤਨ ਦਰਬਾਰ ਤੇ 19 ਨਵੰਬਰ ਨੂੰ ਸ੍ਰੀਨਗਰ ਤੋਂ ਨਗਰ ਕੀਰਤਨ ਸ਼ੁਰੂ ਹੋਵੇਗਾ । ਉਨ੍ਹਾਂ ਕਿਹਾ ਕਿ ਇਹ ਨਗਰ ਕੀਰਤਨ 22 ਨਵੰਬਰ ਨੂੰ ਸ੍ਰੀ ਅਨੰਦਪੁਰ ਸਾਹਿਬ ਪਹੁੰਚੇਗਾ। ਇਸ ਦੇ ਨਾਲ ਹੀ 20 ਨਵੰਬਰ ਨੂੰ ਤਿੰਨ ਨਗਰ ਕੀਰਤਨ ਤਖ਼ਤ ਸ੍ਰੀ ਦਮਦਮਾ ਸਾਹਿਬ , ਫ਼ਰੀਦਕੋਟ ਅਤੇ ਗੁਰਦਾਸਪੁਰ ਤੋਂ ਸ਼ੁਰੂ ਹੋਣਗੇ ਅਤੇ ਸਾਰੇ 22 ਨਵੰਬਰ ਨੂੰ ਸ੍ਰੀ ਅਨੰਦਪੁਰ ਸਾਹਿਬ ਵਿਖੇ ਇਕੱਠੇ ਸਮਾਪਤ ਹੋਣਗੇ। ਉਨ੍ਹਾਂ ਕਿਹਾ ਕਿ ਇਸ ਇਤਿਹਾਸਕ ਮੌਕੇ ਪੰਜਾਬ ਸਰਕਾਰ 23 ਤੋਂ 25 ਨਵੰਬਰ ਤੱਕ ਸ੍ਰੀ ਅਨੰਦਪੁਰ ਸਾਹਿਬ ਵਿਖੇ ਵੱਡੇ ਸਮਾਗਮ ਕਰਵਾਏਗੀ। ਉਨ੍ਹਾਂ ਕਿਹਾ ਕਿ ਯਾਦਗਾਰੀ ਸਮਾਰੋਹ ਵਿੱਚ ਆਉਣ ਵਾਲੇ ਹਜ਼ਾਰਾਂ ਸ਼ਰਧਾਲੂਆਂ ਦੇ ਰਹਿਣ ਲਈ "ਚੱਕ ਨਾਨਕੀ" ਨਾਮ ਦੀ ਵਿਸ਼ੇਸ਼ ਟੈਂਟ ਸਿਟੀ ਸਥਾਪਤ ਕੀਤੀ ਜਾਵੇਗੀ।

-----------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਵੱਲੋਂ ਐਲਾਨਿਆ ਗਿਆ ਜੀਐਸਟੀ ਬਚਤ ਉਤਸਵ, ਜੋ ਇਸ ਮਹੀਨੇ ਦੀ 22 ਤਰੀਕ ਨੂੰ ਸ਼ੁਰੂ ਹੋਇਆ ਸੀ, ਸਮਾਜ ਦੇ ਸਾਰੇ ਵਰਗਾਂ ਨੂੰ ਲਾਭ ਪਹੁੰਚਾ ਰਿਹਾ ਏ। ਅਗਲੀ ਪੀੜ੍ਹੀ ਦੇ ਜੀਐਸਟੀ ਸੁਧਾਰ ਭਾਰਤ ਦੀ ਅਸਿੱਧੀ ਟੈਕਸ ਪ੍ਰਣਾਲੀ ਨੂੰ ਸਰਲ ਬਣਾਉਣ ਵੱਲ

ਇੱਕ ਮਹੱਤਵਪੂਰਨ ਕਦਮ ਨੇ। ਅੱਜ ਅਸੀਂ ਗੱਲ ਕਰਾਂਗੇ ਕਿ ਕਿਵੇਂ ਇਹ ਨਵੇਂ GST ਸੁਧਾਰ, ਪੰਜਾਬ ਦੇ ਵੱਖ-ਵੱਖ ਵਰਗਾਂ ਨੂੰ ਲਾਭ ਪਹੁੰਚਾ ਰਹੇ ਨੇ|

*ਪੇਸ਼ ਏ ਇੱਕ ਰਿਪੋਰਟ: ਨਵੇਂ GST ਸੁਧਾਰ, ਪੰਜਾਬ ਦੇ ਕਿਸਾਨਾਂ, ਖਪਤਕਾਰਾਂ, ਕਾਰੀਗਰਾਂ ਅਤੇ ਛੋਟੇ ਕਾਰੋਬਾਰਾਂ ਲਈ ਲਾਭਕਾਰੀ ਸਿੱਧ ਹੋ ਰਹੇ ਨੇ। ਪਠਾਨਕੋਟ ਤੋਂ ਇੱਕ ਖਪਤਕਾਰ Munish Sabharwal ਨੇ ਕਿਹਾ ਕਿ ਕੇਂਦਰ ਸਰਕਾਰ ਦੇ GST ਘਟਾਉਣ ਦੇ ਇਸ ਕਦਮ ਨੇ ਇਲੈਕਟ੍ਰਾਨਿਕ ਵਸਤਾਂ ਨੂੰ ਆਮ ਆਦਮੀ ਲਈ ਵਧੇਰੇ ਕਿਫਾਇਤੀ ਬਣਾ ਦਿੱਤਾ ਏ। Byte: Munish Sabharwal*

*ਮੋਹਾਲੀ ਤੋਂ ਇੱਕ ਸਮਾਜ ਸੇਵੀ ਸੁਭਾਸ਼ ਅੱਗਰਵਾਲ ਨੇ ਦਵਾਈਆਂ ਵਿੱਚ ਕੀਤੀਆਂ ਗਈਆਂ ਕਟੌਤੀਆਂ ਦੀ ਸ਼ਲਾਘਾ ਕਰਦਿਆਂ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦਾ ਧੰਨਵਾਦ ਕੀਤਾ। Byte: Subhash Aggarwal*

*ਨਵੇਂ GST ਸੁਧਾਰ ਵੱਖ-ਵੱਖ ਵਸਤਾਂ ਅਤੇ ਸੇਵਾਵਾਂ 'ਤੇ ਟੈਕਸ ਦਰਾਂ ਘਟਾ ਕੇ, ਨਾਗਰਿਕਾਂ ਨੂੰ ਕਾਫ਼ੀ ਰਾਹਤ ਦੇ ਰਹੇ ਨੇ। ਜਲੰਧਰ ਤੋਂ ਆਕਾਸ਼ਵਾਣੀ ਖਬਰਾਂ ਲਈ ਮੈਂ ਕਾਜਲ*

---

ਚਾਰ ਦਿਨਾਂ ਛੱਠ ਪੂਜਾ ਤਿਉਹਾਰ ਅੱਜ ਤੋਂ ਦੇਸ਼ ਦੇ ਵੱਖ-ਵੱਖ ਹਿੱਸਿਆਂ ਵਿੱਚ, ਨਹਾਏ ਖਾਏ ਨਾਲ ਸ਼ੁਰੂ ਹੋਇਆ । ਸੂਰਜ ਦੇਵਤਾ ਅਤੇ ਉਨ੍ਹਾਂ ਦੀ ਭੈਣ ਛਠੀ ਮਈਆ ਦੀ ਪੂਜਾ ਨੂੰ ਸਮਰਪਿਤ, ਇਹ ਤਿਉਹਾਰ ਪਵਿੱਤਰਤਾ, ਸ਼ੁਕਰਾਨੇ ਅਤੇ ਆਪਣੇ ਪਰਿਵਾਰ ਦੀ ਸੁੱਖ-ਸਾਂਦ 'ਤੇ ਜ਼ੋਰ ਦਿੰਦਾ ਏ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਛੱਠ ਮਹਾਪਰਵ ਦੇ ਮੌਕੇ 'ਤੇ ਦੇਸ਼ ਅਤੇ ਦੁਨੀਆ ਭਰ ਦੇ ਸ਼ਰਧਾਲੂਆਂ ਨੂੰ ਨਿੱਘੀਆਂ ਸ਼ੁਭਕਾਮਨਾਵਾਂ ਦਿੱਤੀਆਂ ਨੇ. ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ਼੍ਰੀ ਮੋਦੀ ਨੇ ਸ਼ਰਧਾਲੂਆਂ ਦੀ ਅਟੁੱਟ ਸ਼ਰਧਾ ਨੂੰ ਨਮਨ ਕੀਤਾ ਅਤੇ ਇਸ ਚਾਰ ਦਿਨਾਂ ਤਿਉਹਾਰ ਦੇ ਡੂੰਘੇ ਸੱਭਿਆਚਾਰਕ ਮਹੱਤਵ ਨੂੰ ਉਜਾਗਰ ਕੀਤਾ। ਪ੍ਰਧਾਨ ਮੰਤਰੀ ਨੇ ਛੱਠ ਦੀ ਵਧਦੀ ਵਿਸ਼ਵ-ਵਿਆਪੀ ਮਾਨਤਾ ਨੂੰ ਵੀ ਸਵੀਕਾਰ ਕੀਤਾ, ਤੇ ਕਿਹਾ ਕਿ ਦੁਨੀਆ ਭਰ ਦੇ ਭਾਰਤੀ ਪਰਿਵਾਰ ਇਸ ਦੀਆਂ ਰਸਮਾਂ ਵਿੱਚ ਦਿਲੋਂ ਸ਼ਰਧਾ ਨਾਲ ਹਿੱਸਾ ਲੈਂਦੇ ਨੇ. ਇਸ ਮੌਕੇ ਨੂੰ ਮਨਾਉਣ ਲਈ, ਪ੍ਰਧਾਨ ਮੰਤਰੀ ਨੇ ਛੱਠੀ ਮਈਆ ਨੂੰ ਸਮਰਪਿਤ ਇੱਕ ਭਗਤੀ ਗੀਤ ਵੀ ਸਾਂਝਾ ਕੀਤਾ, ਜਿਸ ਵਿੱਚ ਸਾਰਿਆਂ ਨੂੰ ਇਸ ਦੇ ਅਧਿਆਤਮਿਕ ਗੂੰਜ ਵਿੱਚ ਡੁੱਬਣ ਦਾ ਸੱਦਾ ਦਿੱਤਾ ਗਿਆ। ਪ੍ਰਧਾਨ ਮੰਤਰੀ ਨੇ ਛੱਠੀ ਮਈਆ ਨੂੰ ਸਾਰਿਆਂ ਨੂੰ ਭਰਪੂਰ ਅਸ਼ੀਰਵਾਦ ਦੇਣ ਦੀ ਕਾਮਨਾ ਕੀਤੀ।

---------------------------------------------------------

ਰੇਲਵੇ ਮੰਤਰਾਲਾ ਦੀਵਾਲੀ ਅਤੇ ਛੱਠ ਤਿਉਹਾਰਾਂ ਤੋਂ ਵਾਪਸ ਆਉਣ ਵਾਲੇ ਮੁਸਾਫ਼ਰਾਂ ਦੀ ਸਹੂਲਤ ਲਈ 6,000 ਤੋਂ ਵੱਧ ਵਿਸ਼ੇਸ਼ ਰੇਲਗੱਡੀਆਂ ਚਲਾਏਗਾ।ਤਿੰਨ ਦਿਨਾਂ ਵਿੱਚ 900 ਤੋਂ ਵੱਧ ਵਿਸ਼ੇਸ਼ ਰੇਲਗੱਡੀਆਂ ਚੱਲਣਗੀਆਂ। ਮੰਤਰਾਲੇ ਨੇ ਕਿਹਾ ਕਿ ਛੱਠ ਤਿਉਹਾਰ ਦੌਰਾਨ ਸੁਚਾਰੂ ਸੰਚਾਲਨ ਨੂੰ ਯਕੀਨੀ ਬਣਾਉਣ ਲਈ ਬਿਹਾਰ ਦੇ ਲਗਭਗ 30 ਸਟੇਸ਼ਨਾਂ 'ਤੇ ਵਾਧੂ ਟਿਕਟ ਕਾਊਂਟਰ, ਸੀਸੀਟੀਵੀ ਨਿਗਰਾਨੀ ਅਤੇ ਹੋਰ ਯਾਤਰੀ-ਅਨੁਕੂਲ ਪ੍ਰਬੰਧ ਕੀਤੇ ਗਏ ਹਨ।

---------------------------------------------------------------

ਰੇਲਵੇ ਦੇ ਜੰਮੂ ਡਿਵੀਜ਼ਨ ਨੇ ਤਿਉਹਾਰਾਂ ਖਾਸ ਕਰਕੇ ਦੌਰਾਨ ਮੁਸਾਫ਼ਰਾਂ ਦੀ ਆਵਾਜਾਈ ਨੂੰ ਧਿਆਨ ਵਿੱਚ ਰੱਖਦੇ ਹੋਏ, ਮੁਸਾਫ਼ਰਾਂਦੀ ਸਹੂਲਤ ਅਤੇ ਸੁਰੱਖਿਆ ਨੂੰ ਤਰਜੀਹ ਦੇਣ ਲਈ ਕਈ ਪ੍ਰਭਾਵਸ਼ਾਲੀ ਉਪਾਅ ਕੀਤੇ ਨੇ । ਭੀੜ ਨੂੰ ਘਟਾਉਣ ਲਈ, ਸਟੇਸ਼ਨਾਂ 'ਤੇ ਆਟੋਮੈਟਿਕ ਟਿਕਟ ਵੈਂਡਿੰਗ ਮਸ਼ੀਨਾਂ ਲਗਾਈਆਂ ਗਈਆਂ ਹਨ, ਅਤੇ ਸੁਰੱਖਿਅਤ, ਵਿਵਸਥਾਬੱਧ ਅਤੇ ਸੁਚਾਰੂ ਰੇਲ ਸੰਚਾਲਨ ਨੂੰ ਯਕੀਨੀ ਬਣਾਉਣ ਲਈ ਵਾਧੂ ਸਟਾਫ ਤਾਇਨਾਤ ਕੀਤਾ ਗਿਆ ਏ ।ਮੁਸਾਫ਼ਰਾਂ ਦੀ ਸਹਾਇਤਾ ਲਈ ਸਟੇਸ਼ਨਾਂ 'ਤੇ ਹੈਲਪ ਡੈਸਕ ਸਥਾਪਤ ਕੀਤੇ ਗਏ ਹਨ, ਅਤੇ ਜੀ.ਆਰ.ਪੀ ਅਤੇ ਆਰ.ਪੀ.ਐਫ ਦੁਆਰਾ ਨਿਰੰਤਰ ਸੁਰੱਖਿਆ ਜਾਂਚ ਕੀਤੀ ਜਾ ਰਹੀ ਏ ।

ਇਸ ਨਾਲ ਭੀੜ ਨਿਯੰਤਰਣ, ਯਾਤਰੀ ਸੁਰੱਖਿਆ, ਸਟੇਸ਼ਨ ਸਹੂਲਤਾਂ ਅਤੇ ਸਟੇਸ਼ਨ 'ਤੇ ਜਨਤਕ ਜਾਗਰੂਕਤਾ ਨੂੰ ਮਜ਼ਬੂਤ ਕਰਨ ਦਾ ਦਾਅਵਾ ਕੀਤਾ ਗਿਆ ਏ। ਰੇਲਵੇ ਅਧਿਕਾਰੀਆਂ ਨੇ ਦੱਸਿਆ ਕਿ ਮੁਸਾਫ਼ਰ ਰੇਲ ਗੱਡੀਆਂ ਵਿੱਚ ਭੀੜ ਪ੍ਰਬੰਧਨ ਲਈ ਪਠਾਨਕੋਟ ਕੈਂਟ ਅਤੇ ਪਠਾਨਕੋਟ ਸਿਟੀ ਸਟੇਸ਼ਨਾਂ 'ਤੇ ਵਾਧੂ ਸਟਾਫ ਤਾਇਨਾਤ ਕੀਤਾ ਗਿਆ ਏ । ਬਿਹਤਰ ਭੀੜ ਪ੍ਰਬੰਧਨ ਲਈ, ਭੀੜ ਨੂੰ ਕੰਟਰੋਲ ਕਰਨ ਅਤੇ ਕ੍ਰਮਬੱਧ ਬੋਰਡਿੰਗ ਨੂੰ ਯਕੀਨੀ ਬਣਾਉਣ ਲਈ ਪ੍ਰਮੁੱਖ ਸਟੇਸ਼ਨਾਂ 'ਤੇ ਪਲੇਟਫਾਰਮਾਂ, ਓਵਰਬ੍ਰਿਜਾਂ ਅਤੇ ਰੇਲਗੱਡੀਆਂ 'ਤੇ ਵਾਧੂ ਸਟਾਫ ਤਾਇਨਾਤ ਕੀਤਾ ਗਿਆ ਏ। ਮੁਸਾਫ਼ਰਾਂ ਨੂੰ ਜਨਤਕ ਐਲਾਨ ਪ੍ਰਣਾਲੀਆਂ ਰਾਹੀਂ ਸੂਚਿਤ ਕੀਤਾ ਜਾ ਰਿਹਾ I GRP ਪਠਾਨਕੋਟ ਦੇ SHO, ਅਸ਼ੋਕ ਕੁਮਾਰ ਨੇ ਦੱਸਿਆ ਕਿ ਛੱਠ ਪੂਜਾ ਦੇ ਸਬੰਧ ਵਿੱਚ, ਜੰਮੂ ਤੋਂ ਆਉਣ ਵਾਲੀਆਂ ਰੇਲਗੱਡੀਆਂ ਅਤੇ ਪਲੇਟਫਾਰਮਾਂ 'ਤੇ GRP ਅਤੇ RPF ਨਾਲ ਨਿਰੰਤਰ ਜਾਂਚ ਮੁਹਿੰਮ ਚਲਾਈ ਜਾ ਰਹੀ ਏ। ਯਾਤਰੀਆਂ ਨੂੰ ਇਹ ਵੀ ਜਾਗਰੂਕ ਕੀਤਾ ਜਾ ਰਿਹਾ ਹੈ ਕਿ ਸਟੇਸ਼ਨ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਕਿਸੇ ਵੀ ਸ਼ੱਕੀ ਵਸਤੂ ਦੀ ਤੁਰੰਤ GRP ਅਤੇ RPF ਨੂੰ ਰਿਪੋਰਟ ਕੀਤੀ ਜਾਵੇ।

---------------------------------------------------

ਅੰਮ੍ਰਿਤਸਰ ਦੇ ਸੂਬਾ ਵਿਸ਼ੇਸ਼ ਆਪ੍ਰੇਸ਼ਨ ਸੈੱਲ ਨੇ ਇੱਕ ਦਹਿਸ਼ਤਗਰਦੀ ਨੈੱਟਵਰਕ ਦੇ ਸੰਚਾਲਕ ਮਨਪ੍ਰੀਤ ਸਿੰਘ ਉਰਫ ਟਿੱਡੀ ਨੂੰ ਇੱਕ ਆਧੁਨਿਕ ਪਿਸਤੌਲ ਤੇ ਗੋਲਾ ਬਾਰੂਦ ਸਮੇਤ ਗ੍ਰਿਫ਼ਤਾਰ ਕੀਤਾ ਏ । ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਦਸਿਆ ਕਿ ਉਸਦੇ ਖੁਲਾਸੇ 'ਤੇ, ਪਿੰਡ ਕੋਟਲਾ ਤਰਖਾਣਾ ਦੇ ਇਲਾਕੇ ਤੋਂ 2.5 ਕਿਲੋ ਭਰ ਦੇ ਦੋ IED ਉੱਚ-ਦਰਜੇ ਦੀ ਵਿਸਫੋਟਕ ਸਮਗਰੀ ਅਤੇ ਧਮਾਕੇ ਲਈ ਟਾਈਮਰ ਵੀ ਬਰਾਮਦ ਕੀਤੇ ਗਏ ਨੇ। ਮੁੱਢਲੀ ਜਾਂਚ ਤੋਂ ਪਤਾ ਲਗਿਆ ਏ ਕਿ ਦੋਸ਼ੀ ਅਰਮੇਨੀਆ, ਇੰਗਲੈਂਡ ਅਤੇ ਜਰਮਨੀ ਵਿੱਚ ਸਥਿਤ ਆਪਣੇ ਹੈਂਡਲਰਾਂ ਦੇ ਨਿਰਦੇਸ਼ਾਂ 'ਤੇ ਕੰਮ ਕਰ ਰਿਹਾ ਏ, ਜਿਨ੍ਹਾਂ ਨੂੰ ਇੱਕ ਪਾਬੰਦੀਸ਼ੁਦਾ ਦਹਿਸ਼ਤਗਰਦੀ ਸੰਗਠਨ ਦੇ ਪਾਕਿਸਤਾਨ-ਅਧਾਰਤ ਮੁੱਖ ਸਾਜਿਸ਼ਕਰਤਾ ਤੋਂ ਹੋਰ ਨਿਰਦੇਸ਼ ਮਿਲ ਰਹੇ ਹਨ। Amritsar ਵਿਖੇ ਇੱਕ FIR ਦਰਜ ਕਰਕੇ ਅਗਲੇਰੀ ਜਾਂਚ ਕੀਤੀ ਜਾ ਰਹੀ ਏ।

---

ਰੂਪਨਗਰ ਪੁਲਿਸ ਨੇ ਕਿਸਾਨਾ ਨੂੰ ਪਰਾਲੀ ਨਾ ਸਾੜਣ ਲਈ ਉਤਸ਼ਾਹਿਤ ਕਰਨ ਲਈ ਸਿਵਲ ਅਤੇ ਪੁਲਿਸ ਦੀ ਸਾਂਝੀ ਟੀਮ ਵਲੋ ਸੈਮੀਨਾਰ ਕੀਤੇ ਗਏ ਅਤੇ ਵੱਲੋ ਨਸ਼ਿਆ ਦੇ ਮਾੜੇ ਪ੍ਰਭਾਵਾ ਪ੍ਰਤੀ

ਜਾਗਰੂਕ ਕਰਨ  ਅਤੇ ਲੋਕਾ ਦਾ ਸ਼ਿਕਾਇਤਾ ਦਾ ਨਿਪਟਾਰਾ ਕਰਨ ਦੇ ਉਦੇਸ਼ ਨਾਲ "ਸ਼ਿਕਾਇਤ ਨਿਵਾਰਣ ਕੈਂਪ" ਲਗਾਏ ਗਏ। ਐਸ.ਐਸ.ਪੀ  ਗੁਲਨੀਤ ਸਿੰਘ ਖੁਰਾਣਾ ਨੇ ਦੱਸਿਆ ਕਿ "ਯੁੱਧ ਨਸ਼ਿਆ ਵਿਰੁੱਧ" ਮੁਹਿੰਮ ਦੀ ਲਗਾਤਾਰਤਾ ਵਿੱਚ ਜਿਲ੍ਹਾ ਪੁਲਿਸ ਵੱਲੋ ਵੱਖ-ਵੱਖ ਸਥਾਨਾ ਤੇ ਨਾਕਾਬੰਦੀਆਂ ਅਤੇ ਗਸ਼ਤਾ ਰਾਂਹੀ ਨਸ਼ਾ ਤਸਕਰਾਂ ਅਤੇ ਭੈੜੇ ਅਨਸਰਾਂ ਦੀ ਚੈਕਿੰਗ ਕੀਤੀ ਗਈ । ਉਨ੍ਹਾਂ ਨੇ ਦੱਸਿਆ ਕਿ ਪੁਲਿਸ ਟੀਮ ਵੱਲੋਂ ਪਰਾਲੀ ਸਾੜਨ ਨੂੰ ਰੋਕਣ ਲਈ ਜਿਲ੍ਹਾ ਦੇ ਵੱਖ-ਵੱਖ ਪਿੰਡਾ ਵਿੱਚ ਚੈਕਿੰਗ ਕੀਤੀ ਗਈ। ਇਨ੍ਹਾਂ ਟੀਮਾ ਵੱਲੋ ਕਿਸਾਨਾਂ ਨੂੰ ਪਰਾਲੀ ਸਾੜਨ ਦੇ ਨੁਕਸਾਨਦੇਹ ਪ੍ਰਭਾਵਾਂ ਬਾਰੇ ਜਾਗਰੂਕ ਕੀਤਾ ਗਿਆ ਅਤੇ ਫਸਲਾਂ ਦੀ ਰਹਿੰਦ-ਖੂੰਹਦ ਦੇ ਪ੍ਰਬੰਧਨ ਲਈ ਵਾਤਾਵਰਣ ਅਨੁਕੂਲ ਬਦਲ ਅਪਣਾਉਣ ਲਈ ਪ੍ਰੇਰਿਤ ਕੀਤਾ ਗਿਆ।

-----------------------------------------------------------

ਬਠਿੰਡਾਦੇ  ਜਿਲ੍ਹਾ ਅਤੇ ਸੈਸ਼ਨ ਜੱਜ ਕਰੁਨੇਸ਼ ਕੁਮਾਰ ਦੇ ਦਿਸ਼ਾ-ਨਿਰਦੇਸ਼ਾਂ ਹੇਠ ਸਿਵਲ ਜੱਜ   ਬਲਜਿੰਦਰ ਕੌਰ ਮਾਨ, ਸ਼ਹੀਦ ਮੇਜਰ ਰਵੀਇੰਦਰ ਸਿੰਘ ਸੰਧੂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲੜਕੀਆਂ, ਮਾਲ ਰੋਡ ਬਠਿੰਡਾ ਵਿੱਚ “ਬਾਲ ਵਿਵਾਹ ਰੋਕੂ ਕਾਨੂੰਨ ਤੇ ਮੁਫ਼ਤ ਕਾਨੂੰਨੀ ਸਹਾਇਤਾ” ਵਿਸ਼ੇ 'ਤੇ ਜਾਗਰੂਕਤਾ ਸੈਮੀਨਾਰ

ਕਰਵਾਇਆ ਗਿਆ।

ਊਨਾ ਵਿਦਿਆਰਥੀਆਂ ਨੂੰ ਬਾਲ ਵਿਵਾਹ ਰੋਕੂ ਐਕਟ ਬਾਰੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਬੱਚਿਆਂ ਦਾ ਵਿਆਹ ਕਾਨੂੰਨੀ ਤੌਰ 'ਤੇ ਗੈਰਕਾਨੂੰਨੀ ਏ ਅਤੇ ਇਸ ਸਮਾਜਿਕ ਬੁਰਾਈ ਨੂੰ ਖਤਮ ਕਰਨ ਲਈ ਹਰ ਨਾਗਰਿਕ ਦੀ ਭੂਮਿਕਾ ਅਹਿਮ ਏ । ਉਹਨਾਂ ਨੇ ਕਿਹਾ ਕਿ ਜੇ ਕਿਸੇ ਗਰੀਬ ਜਾਂ ਪੀੜਤ ਵਿਅਕਤੀ ਨੂੰ ਕਾਨੂੰਨੀ ਸਹਾਇਤਾ ਦੀ ਲੋੜ ਹੋਵੇ, ਤਾਂ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਮੁਫ਼ਤ ਵਕੀਲ ਅਤੇ ਕਾਨੂੰਨੀ ਸਹਾਇਤਾ ਪ੍ਰਦਾਨ ਕੀਤੀ ਜਾਂਦੀ ਹੈ, ਜਿਸ ਲਈ ਕੋਈ ਫੀਸ ਨਹੀਂ ਲੱਗਦੀ।

---------------------------------------------------------

ਟੈਰੀਟੋਰੀਅਲ ਆਰਮੀ ਦੀ ਖੱਲ੍ਹੀ ਭਰਤੀ ਪੰਜਾਬ ਦੇ ਸਾਰੇ ਜ਼ਿਲ੍ਹਿਆਂ ਲਈ 17 ਤੋਂ 30 ਨਵੰਬਰ ਤੱਕ 103 ਬਟਾਲੀਅਨ ਸਿਖ਼ਲਾਈ ਲੁਧਿਆਣਾ ਵਿਖੇ ਹੋਣ ਜਾ ਰਹੀ ਏ । ਸੀ-ਪਾਈਟ ਕੈਂਪ ਕਪੂਰਥਲਾ ਦੇ ਅਧਿਕਾਰੀ ਆਨਰੇਰੀ ਕੈਪਟਨ ਅਜੀਤ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਸਬੰਧੀ ਸੀ-ਪਾਈਟ ਕੈਂਪ ਥੇਹ ਕਾਂਜਲਾ ਵਿਖੇ ਫਿਜ਼ੀਕਲ ਸਿਖਲਾਈ ਚੱਲ ਰਹੀ ਏ ਅਤੇ ਜ਼ਿਲ੍ਹਾ ਜਲੰਧਰ, ਕਪੂਰਥਲਾ ਹੁਸ਼ਿਆਰਪਰੁ, ਗੁਰਦਾਸਪੁਰ, ਤਰਨਤਰਨ, ਪਠਾਨਕੋਟ ਦੇ ਚਾਹਵਾਨ ਨੌਜਵਾਨ ਸੀ-

ਪਾਈਟ ਕੈਂਪ ਥੇਹ ਕਾਂਜਲਾ ਵਿਖੇ ਆ ਕੇ ਫਿਜ਼ੀਕਲ ਟੈਸਟ ਦੀ ਤਿਆਰੀ ਸਕਦੇ ਹਨ।

ਇਸੇ ਤਰ੍ਹਾਂ ਆਰਮੀ ਅਗਨੀਵੀਰ ਦੀ ਭਰਤੀ ਲਈ ਫਿਜ਼ੀਕਲ ਟੈਸਟ ਦੀ ਤਿਆਰੀ ਲਈ ਜ਼ਿਲ੍ਹਾ ਅੰਮ੍ਰਿਤਸਰ, ਗੁਰਦਾਸਪੁਰ ਅਤੇ ਪਠਾਨਕੋਟ ਦੇ ਨੌਜਵਾਨ ਸੀ-ਪਾਈਟ ਕੈਂਪ ਥੇਹ ਕਾਂਜਲਾ ਵਿਖੇ ਪਹੁੰਚ ਕਰ ਸਕਦੇ ਹਨ।

ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਜਲੰਧਰ, ਕਪੂਰਥਲਾ, ਹੁਸ਼ਿਆਰਪੁਰ, ਅੰਮ੍ਰਿਤਸਰ, ਗੁਰਦਾਸਪੁਰ, ਪਠਾਨਕੋਟ ਦੇ ਜਿਹੜੇ ਨੌਜਵਾਨ,ਜ਼ਰੂਰੀ ਦਸਤਾਵੇਜ਼ ਦੀਆਂ ਫੋਟੋ ਕਾਪੀਆਂ ਸਮੇਤ ਰਿਪੋਰਟ ਕਰ ਸਕਦੇ ਨੇ ।

ਅਧਿਕਾਰੀ ਦੇ ਦੱਸਿਆ ਏ ਕਿ ਟ੍ਰੇਨਿੰਗ ਦੌਰਾਨ ਨੌਜਵਾਨਾਂ ਨੂੰ ਰਿਹਾਇਸ਼ ਅਤੇ ਖਾਣੇ ਦੀ ਸਹੂਲਤ ਪੰਜਾਬ ਸਰਕਾਰ ਵੱਲੋਂ ਮੁਫ਼ਤ ਪ੍ਰਦਾਨ ਕੀਤੀ ਜਾਵੇਗੀ।

---

ਜਲੰਧਰ ਵਿੱਚ, 42ਵੇਂ ਇੰਡੀਅਨ ਆਇਲ ਸਰਵੋ ਸੁਰਜੀਤ ਹਾਕੀ ਟੂਰਨਾਮੈਂਟ ਵਿੱਚ, ਅੱਜ ਇੰਡੀਅਨ ਏਅਰ ਫੋਰਸ ਦਾ ਮੁਕਾਬਲਾ ਪੰਜਾਬ ਪੁਲਿਸ ਨਾਲ ਅਤੇ ਭਾਰਤੀ ਰੇਲਵੇ ਦਾ ਮੁਕਾਬਲਾ CRPF ਨਾਲ ਹੋ ਰਿਹਾ ਏ । ਬੀਤੀ ਰਾਤ BSF ਜਲੰਧਰ ਅਤੇ ਕੈਗ ਦਿੱਲੀ ਦੀਆਂ ਟੀਮਾਂ 2-2 ਨਾਲ ਬਰਾਬਰੀ ‘ਤੇ ਰਹੀਆਂ ਅਤੇ ਇੰਡੀਅਨ ਨੇਵੀ ਮੁੰਬਈ ਨੇ ਰੇਲ ਕੋਚ

ਫੈਕਟਰੀ ਕਪੂਰਥਲਾ ਨੂੰ 3-2 ਨਾਲ ਹਰਾਇਆ।

--------------------------------------------------------

ਭਾਰਤ ਨੇ ਸਿਡਨੀ ਵਿੱਚ ਤੀਜੇ ਅਤੇ ਆਖਰੀ ਇੱਕ ਰੋਜ਼ਾ ਮੈਚ ਵਿੱਚ ਆਸਟ੍ਰੇਲੀਆ ਨੂੰ 9 ਵਿਕਟਾਂ ਨਾਲ ਹਰਾਇਆ । ਰੋਹਿਤ ਸ਼ਰਮਾ ਨੂੰ ਉਨ੍ਹਾਂ ਦੇ ਨਾਬਾਦ 121 ਦੌੜਾਂ ਲਈ 'ਪਲੇਅਰ ਆਫ਼ ਦ ਮੈਚ' ਚੁਣਿਆ ਗਿਆ। ਉਨ੍ਹਾਂ ਨੂੰ ਸੀਰੀਜ਼ ਵਿੱਚ ਸ਼ਾਨਦਾਰ ਪ੍ਰਦਰਸ਼ਨ ਲਈ ਪਲੇਅਰ ਆਫ਼ ਦ ਸੀਰੀਜ਼ ਵੀ ਚੁਣਿਆ ਗਿਆ। ਇਸ ਤੋਂ ਪਹਿਲਾਂ, ਆਸਟ੍ਰੇਲੀਆ ਨੇ ਟਾਸ ਜਿੱਤ ਕੇ ਪਹਿਲਾਂ ਬੱਲੇਬਾਜ਼ੀ ਕਰਦਿਆਂ ਭਾਰਤ ਨੂੰ 237 ਦੌੜਾਂ ਦਾ ਟੀਚਾ ਦਿੱਤਾ। ਹਾਲਾਂਕਿ, ਆਸਟ੍ਰੇਲੀਆ ਨੇ ਤਿੰਨ ਮੈਚਾਂ ਦੀ ਲੜੀ 2-1 ਨਾਲ ਜਿੱਤ ਲਈ। ਭਾਰਤ ਹੁਣ 29 ਅਕਤੂਬਰ ਤੋਂ ਸ਼ੁਰੂ ਹੋ ਰਹੀ ਪੰਜ ਮੈਚਾਂ ਦੀ ਟਵੈਂਟੀ-ਟਵੈਂਟੀ ਲੜੀ ਵਿੱਚ ਆਸਟ੍ਰੇਲੀਆ ਨਾਲ ਖੇਡੇਗਾ। NSD

--------------------------------------------------------

- -ਪ੍ਰਧਾਨ ਮੰਤਰੀ ਨਰੇਂਦਰ ਮੋਦੀ ਭਲਕੇ ਆਕਾਸ਼ਵਾਣੀ 'ਤੇ "ਮਨ ਕੀ ਬਾਤ" ਪ੍ਰੋਗਰਾਮ 'ਚ ਦੇਸ਼ ਵਿਦੇਸ਼ ਦੇ ਲੋਕਾਂ ਨਾਲ ਆਪਣੇ ਵਿਚਾਰ ਸਾਂਝੇ ਕਰਨਗੇ ।

- -ਪੰਜਾਬ ਸਰਕਾਰ ਵਲੋਂ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350ਵੇਂ ਸ਼ਹੀਦੀ ਦਿਵਸ ਮਨਾਉਣ ਲਈ ਸਮਾਗਮਾਂ ਦੀ ਲੜੀ ਦੀ ਅੱਜ ਸ਼ੁਰੂਆਤ I
- -ਚਾਰ ਦਿਨਾਂ ਛੱਠ ਪੂਜਾ ਤਿਉਹਾਰ ਅੱਜ ਤੋਂ ਦੇਸ਼ ਦੇ ਵੱਖ-ਵੱਖ ਹਿੱਸਿਆਂ ਵਿੱਚ ਸ਼ੁਰੂ ਹੋਇਆ - ਰੇਲਵੇ ਮੰਤਰਾਲਾ ਦੀਵਾਲੀ ਅਤੇ ਛੱਠ ਤਿਉਹਾਰਾਂ ਤੋਂ ਵਾਪਸ ਆਉਣ ਵਾਲੇ ਮੁਸਾਫ਼ਰਾਂ ਦੀ ਸਹੂਲਤ ਲਈ, 6 ਹਜ਼ਾਰ ਤੋਂ ਵੱਧ ਵਿਸ਼ੇਸ਼ ਰੇਲਗੱਡੀਆਂ ਚਲਾ ਰਿਹਾ ਏ।
- -ਅੰਮ੍ਰਿਤਸਰ ਦੇ ਸੂਬਾ ਵਿਸ਼ੇਸ਼ ਆਪ੍ਰੇਸ਼ਨ ਸੈੱਲ ਵਲੋਂ ਦਹਿਸ਼ਤਗਰਦੀ ਨੈੱਟਵਰਕ ਦਾ ਸੰਚਾਲਕ ਮਨਪ੍ਰੀਤ ਸਿੰਘ ਆਧੁਨਿਕ ਪਿਸਤੌਲ ਤੇ ਗੋਲਾ ਬਾਰੂਦ ਸਮੇਤ ਗ੍ਰਿਫ਼ਤਾਰ। ਅਤੇ
- ਭਾਰਤ ਨੇ ਸਿਡਨੀ ਵਿੱਚ ਤੀਜੇ ਅਤੇ ਆਖਰੀ ਇੱਕ ਰੋਜ਼ਾ ਮੈਚ ਵਿੱਚ, ਆਸਟ੍ਰੇਲੀਆ ਨੂੰ 9 ਵਿਕਟਾਂ ਨਾਲ ਹਰਾਇਆ।

**ਇਸਦੇ ਨਾਲ**

**ਪ੍ਰਦੇਸ਼ਕ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ !**